# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**14:35 Pm**

**ਮਿਤੀ: 26-12-2024**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ ਸੱਤ ਸ਼੍ਰੇਣੀਆਂ ਵਿਚ ਸ਼ਾਨਦਾਰ ਪ੍ਰਾਪਤੀਆਂ ਲਈ 17 ਬੱਚਿਆਂ ਨੂੰ 'Pradhan Mantri Rashtriya Bal Puraskar' ਪ੍ਰਦਾਨ ਕੀਤੇ. ਹਰਿਆਣਾ ਤੇ ਜੰਮੂ ਕਸ਼ਮੀਰ ਸਮੇਤ 14 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਬੱਚਿਆਂ ਨੂੰ ਕਲਾ ਅਤੇ ਸੱਭਿਆਚਾਰ, ਬਹਾਦਰੀ, ਨਵੀਆਂ ਕਾਢਾਂ, ਵਿਗਿਆਨ ਤੇ ਤਕਨਾਲੋਜੀ, ਸਮਾਜ ਸੇਵਾ, ਖੇਡਾਂ ਅਤੇ ਚੁਗਿਰਦੇ ਦੇ ਖੇਤਰ ਵਿੱਚ ਉਨ੍ਹਾਂ ਦੀਆਂ ਪ੍ਰਾਪਤੀਆਂ ਲਈ ਮਾਨਤਾ ਦਿੱਤੀ ਗਈ। ਹਰੇਕ ਪੁਰਸਕਾਰ ਜੇਤੂ ਨੂੰ ਇੱਕ ਤਮਗਾ, ਸਰਟੀਫਿਕੇਟ, ਅਤੇ ਪ੍ਰਸ਼ੰਸਾ ਪੱਤਰ ਪ੍ਰਦਾਨ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਰਾਸ਼ਟਰਪਤੀ ਮੁਰਮੂ ਨੇ ਵੀਰ ਬਾਲ ਦਿਵਸ 'ਤੇ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਦਲੇਰੀ ਅਤੇ ਕੁਰਬਾਨੀ ਨੂੰ ਸ਼ਰਧਾਂਜਲੀ ਭੇਂਟ ਕੀਤੀ | ਉਨ੍ਹਾਂ ਦੱਸਿਆ ਕਿ ਇਹ

ਦਿਹਾੜਾ ਹਰ ਸਾਲ ਸਿੱਖਾਂ ਦੇ ਦਸਵੇਂ ਗੁਰੂ, ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਦੀ ਬੇਮਿਸਾਲ ਕੁਰਬਾਨੀ ਅਤੇ ਹੌਸਲੇ ਦਾ ਸਨਮਾਨ ਕਰਨ ਲਈ ਮਨਾਇਆ ਜਾਂਦਾ ਏ। ਪੁਰਸਕਾਰ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਵਧਾਈ ਦਿੰਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਉਨ੍ਹਾਂ ਦਾ ਕੰਮ ਅਸਾਧਾਰਨ ਅਤੇ ਹੈਰਾਨੀਜਨਕ ਏ। ਓਹਨਾਂ ਜ਼ੋਰ ਦੇ ਕੇ ਕਿਹਾ ਕਿ ਇਹਨਾਂ ਬਚਿਆਂ ਵਿੱਚੋਂ ਹਰੇਕ ਵਿੱਚ ਬੇਮਿਸਾਲ ਗੁਣ ਨੇ ਅਤੇ ਉਹਨਾਂ ਦੀਆਂ ਪ੍ਰਾਪਤੀਆਂ ਦੇਸ਼ ਦੇ ਸਾਰੇ ਨਾਗਰਿਕਾਂ ਨੂੰ ਪ੍ਰੇਰਿਤ ਕਰਨਗੀਆਂ- ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ, ਸਾਲ 2047 ਵਿੱਚ ਜਦੋਂ ਦੇਸ਼ ਭਾਰਤ ਦੀ ਆਜ਼ਾਦੀ ਦੀ ਸ਼ਤਾਬਦੀ ਮਨਾਏਗਾ, ਇਹ ਪੁਰਸਕਾਰ ਜੇਤੂ ਦੇਸ਼ ਦੇ ਜਾਗਰੂਕ ਨਾਗਰਿਕ ਹੋਣਗੇ। ਉਨ੍ਹਾਂ ਕਿਹਾ ਕਿ ਅਜਿਹੇ ਹੁਨਰਮੰਦ ਮੁੰਡੇ ਅਤੇ ਕੁੜੀਆਂ ਵਿਕਸਤ ਭਾਰਤ ਦੇ ਨਿਰਮਾਤਾ ਬਣਨਗੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵੀ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਜੇਤੂਆਂ ਨਾਲ ਗੱਲਬਾਤ ਕੀਤੀ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤੀ ਲੋਕਰਾਜ ਦੀ

ਵਿਸ਼ਾਲਤਾ ਗੁਰੂਆਂ ਦੀਆਂ ਸਿੱਖਿਆਵਾਂ, ਸਾਹਿਬਜ਼ਾਦਿਆਂ ਦੀਆਂ ਕੁਰਬਾਨੀਆਂ ਅਤੇ ਦੇਸ਼ ਦੀ ਏਕਤਾ ਦੇ ਬੁਨਿਆਦੀ ਮੰਤਰ 'ਤੇ ਆਧਾਰਿਤ ਏ। ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਵੀਰ ਬਾਲ ਦਿਵਸ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਗੁਰੂ ਪਰੰਪਰਾ ਨੇ ਲੋਕਾਂ ਨੂੰ, ਸਾਰਿਆਂ ਨੂੰ ਬਰਾਬਰ ਸਤਿਕਾਰ ਦੀ ਨਜ਼ਰ ਨਾਲ ਦੇਖਣ ਦਾ ਉਪਦੇਸ਼ ਦਿੱਤਾ ਏ ਅਤੇ ਸੰਵਿਧਾਨ ਵੀ ਸਾਨੂੰ ਇਸੇ ਸੋਚ ਦੀ ਪ੍ਰੇਰਨਾ ਦਿੰਦਾ ਏ। ਸ੍ਰੀ ਮੋਦੀ ਨੇ ਕਿਹਾ ਕਿ ਬਹਾਦਰ ਸਾਹਿਬਜ਼ਾਦਿਆਂ ਦਾ ਜੀਵਨ,ਲੋਕਾਂ ਨੂੰ ਦੇਸ਼ ਦੀ ਅਖੰਡਤਾ ਅਤੇ ਵਿਚਾਰਾਂ ਨਾਲ ਸਮਝੌਤਾ ਨਾ ਕਰਨ ਦਾ ਉਪਦੇਸ਼ ਦਿੰਦਾ ਏ। ਉਨ੍ਹਾਂ ਕਿਹਾ ਕਿ ਸੰਵਿਧਾਨ ਲੋਕਾਂ ਨੂੰ ਭਾਰਤ ਦੀ ਪ੍ਰਭੂਸੱਤਾ ਅਤੇ ਅਖੰਡਤਾ ਨੂੰ ਸਰਬੁਚ ਰੱਖਣ ਦਾ ਸਿਧਾਂਤ ਵੀ ਦਿੰਦਾ ਏ। ਪ੍ਰਧਾਨ ਮੰਤਰੀ ਨੇ ਕਿਹਾ, ਸਾਹਿਬਜ਼ਾਦਾ ਜ਼ੋਰਾਵਰ ਸਿੰਘ ਅਤੇ ਸਾਹਿਬਜ਼ਾਦਾ ਫਤਹਿ ਸਿੰਘ ਬਹੁਤ ਛੋਟੇ ਸਨ, ਪਰ ਉਨ੍ਹਾਂ ਦੇ ਹੌਸਲੇ ਅਸਮਾਨ ਤੋਂ ਉੱਚੇ ਸਨ। ਉਨ੍ਹਾਂ ਕਿਹਾ ਕਿ <u>ਵੀਰ ਬਾਲ ਦਿਵਸ</u> ਦਾ ਇਹ ਦਿਹਾੜਾ ਸਿਖਾਉਂਦਾ ਏ ਕਿ ਹਾਲਾਤ ਭਾਵੇਂ ਕਿੰਨੇ ਵੀ ਔਖੇ ਕਿਉਂ ਨਾ ਹੋਣ ਪਰ ਦੇਸ਼ ਅਤੇ ਇਸ ਦੇ ਹਿੱਤਾਂ ਤੋਂ ਵੱਡੀ ਕੋਈ ਚੀਜ਼ ਨਹੀਂ ਏ। 2022

ਵਿੱਚ, ਸ਼੍ਰੀ ਮੋਦੀ ਨੇ ਐਲਾਨ ਕੀਤਾ ਸੀ ਕਿ 26 ਦਸੰਬਰ ਨੂੰ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ, ਅਤੇ ਇਨਸਾਫ਼ ਲਈ ਓਹਨਾਂ ਦੀ ਕੁਰਬਾਨੀ ਨੂੰ ਸ਼ਰਧਾਂਜਲੀ ਦੇਣ ਲਈ ਵੀਰ ਬਾਲ ਦਿਵਸ ਵਜੋਂ ਮਨਾਇਆ ਜਾਵੇਗਾ। ਇਸ ਮੌਕੇ ਪ੍ਰਧਾਨ ਮੰਤਰੀ ਨੇ Suposhit Gram Panchayat Abhiyan ਦੀ ਸ਼ੁਰੂਆਤ ਕੀਤੀ ।

ਇਸ ਸਮਾਗਮ ਵਿੱਚ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਜੇਤੂ ਆਂ ਅਤੇ ਪਤਵੰਤਿਆਂ ਦੇ ਨਾਲ ਲਗਭਗ ਤਿੰਨ ਹਜ਼ਾਰ 500 ਬੱਚਿਆਂ ਨੇ ਸ਼ਿਰਕਤ ਕੀਤੀ ।

---

ਦਸਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ, ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫਤਿਹ ਸਿੰਘ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿਚ ਫਤਿਹਗੜ੍ਹ ਸਾਹਿਬ ਦੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਸਲਾਨਾ ਤਿੰਨ ਰੋਜ਼ਾ ਸ਼ਹੀਦੀ ਸਭਾ ਕਲ ਅਰੰਭ ਹੋਈ । ਸ਼ਹੀਦੀ ਸਭਾ ਦੇ ਪਹਿਲੇ ਦਿਨ, ਗੁਰਦੁਆਰਾ ਸਾਹਿਬ ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਆਰੰਭ ਹੋਏ.

ਸ਼ਰਧਾਲੂ, ਪੰਜਾਬ ਅਤੇ ਬਾਹਰੋਂ ਵੀ ਵੱਡੀ ਗਿਣਤੀ ‘ਚ ਗੁਰਦਵਾਰਾ ਸ੍ਰੀ ਫਤਹਿ ਗੜ੍ਹ ਸਾਹਿਬ ਅਤੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਪਹੁੰਚ ਕੇ ਅਰਦਾਸ ਕਰ ਰਹੇ ਨੇ । ਜ਼ਿਲਾ ਪ੍ਰਸ਼ਾਸਨ ਵੱਲੋਂ ਸੰਗਤਾਂ ਦੀ ਸਹੂਲਤ ਲਈ ਸਾਰੇ ਢੁਕਵੇਂ ਪ੍ਰਬੰਧ ਕੀਤੇ ਗਏ ਨੇ.। ਅਖੰਡ ਪਾਠ ਸਾਹਿਬ ਦੇ ਭੋਗ ਭਲਕੇ 27 ਦਸੰਬਰ ਨੂੰ ਪਾਏ ਜਾਣਗੇ. ਪ੍ਰਸ਼ਾਸਨ ਅਤੇ Punjab Art Theatre ਦੇ ਸਹਿਯੋਗ ਨਾਲ ਸੂਬਾ ਸਰਕਾਰ ਨੇ Aam Khas Bagh ਵਿਖੇ, ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਨੂੰ ਸਮਰਪਿਤ ਖਾਸ ਨਾਟਕ, ‘Jindan Nikkiyan' ਦੀ ਪੇਸ਼ਕਾਰੀ ਦਾ ਪ੍ਰਬੰਧ ਕੀਤਾ ਏ ਜੋ ਕਿ ਖਾਲਸਾ ਪੰਥ ਦੀ ਸਾਜਨਾ ਤੋਂ ਲੈ ਕੇ ਪਰਿਵਾਰ ਦੇ ਵਿਛੋੜੇ ਅਤੇ ਚਮਕੌਰ ਸਾਹਿਬ ਦੀ ਜੰਗ’ਤੇ ਅਧਾਰਿਤ ਏ.

---------------------------------------------------------------

ਦੇਸ਼ ਅੱਜ ਸ਼ਹੀਦ ਊਧਮ ਸਿੰਘ ਨੂੰ , ਉਨ੍ਹਾਂ ਦੀ 125 ਵੀਂ ਜਨਮ ਦਿਨ 'ਤੇ ਯਾਦ ਕਰ ਰਿਹਾ ਏ । 1899 ਵਿੱਚ ਅੱਜ ਦੇ ਦਿਨ, ਅਣਵੰਡੇ ਭਾਰਤ ਵਿੱਚ ਪੰਜਾਬ ਦੇ ਸੁਨਾਮ ਵਿੱਚ ਜਨਮੇ ਇਸ ਕ੍ਰਾਂਤੀਕਾਰੀ ਨੇ ਪੰਜਾਬ ਦੇ

ਸਮਕਾਲੀ ਲੈਫਟੀਨੈਂਟ ਗਵਰਨਰ Michael O'Dwyer, ਦੀ ਹੱਤਿਆ ਕਰ ਕੇ ਜਲ੍ਹਿਆਂਵਾਲਾ ਬਾਗ ਸਾਕੇ ਦਾ ਬਦਲਾ ਲਿਆ ਸੀ। ਅੰਗਰੇਜ਼ਾਂ ਦੀ ਹਿਰਾਸਤ ਵਿੱਚ ਰਹਿੰਦਿਆਂ, ਓਹਨਾ ਭਾਰਤ ਵਿੱਚ ਤਿੰਨ ਪ੍ਰਮੁੱਖ ਧਰਮਾਂ ਅਤੇ ਆਪਣੀਆਂ ਬਸਤੀਵਾਦ ਵਿਰੋਧੀ ਭਾਵਨਾਵਾਂ ਦੀ ਪ੍ਰਤੀਨਿਧਤਾ ਕਰਦੇ ਹੋਏ 'ਰਾਮ ਮੁਹੰਮਦ ਸਿੰਘ ਆਜ਼ਾਦ' ਨਾਂ ਦੀ ਵਰਤੋਂ ਕੀਤੀ ।